**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 23-07-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਸ਼ਾਮ ਬਰਤਾਨੀਆ ਦੇ ਦੋ ਦਿਨਾਂ ਦੌਰੇ 'ਤੇ ਰਵਾਨਾ ਹੋ ਰਹੇ ਨੇ । ਇਸ ਦੋ ਦਿਨਾਂ ਦੌਰੇ ਦੌਰਾਨ, ਉਹ ਬਰਤਾਨੀਆ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨਾਲ ਗੱਲਬਾਤ ਕਰਨਗੇ ਅਤੇ KING ਚਾਰਲਸ ਤੀਜੇ ਨਾਲ ਮੁਲਾਕਾਤ ਕਰਨਗੇ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ ਭਾਰਤ ਅਤੇ ਬਰਤਾਨੀਆ ਦੇ ਪ੍ਰਮੁੱਖ ਕਾਰੋਬਾਰੀ ਆਗੂਆਂ ਨਾਲ ਗੱਲਬਾਤ ਕਰਨਗੇ। ਇਸ ਦੌਰਾਨ ਮੁਕਤ ਵਪਾਰ ਸਮਝੌਤੇ  'ਤੇ ਦਸਤਖਤ ਕੀਤੇ ਜਾਣ ਦੀ ਉਮੀਦ ਏ ।

**ਹੋਰ ਵੇਰਵੇ ਨਾਲ ਇਕ ਰਿਪੋਰਟ**

---------------------------------------------------------------

ਪੰਜਾਬ ਮੰਤਰੀ ਮੰਡਲ ਨੇ ਲੈਂਡ ਪੂਲਿੰਗ ਨੀਤੀ-2025 ਵਿੱਚ ਕਈ

ਕਿਸਾਨ-ਪੱਖੀ ਸੋਧਾਂ ਨੂੰ ਪ੍ਰਵਾਨਗੀ ਦੇ  ਦਿੱਤੀ ਏ। ਇਸ ਸਬੰਧੀ ਫੈਸਲਾ ਕੱਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਸਰਕਾਰ ਵੱਲੋਂ ਕਿਸਾਨਾਂ ਨੂੰ ਭਰੋਸਾ ਦਿੰਦਿਆਂ ਇਸ ਇੱਕ ਲੱਖ ਰੁਪਏ ਦੀ ਰਕਮ ਵਿੱਚ ਹਰ ਸਾਲ 10 ਫ਼ੀਸਦ ਵਾਧਾ ਕਰਨ ਦਾ ਐਲਾਨ ਵੀ ਕੀਤਾ ਏ। ਇਸ ਪ੍ਰਕਿਰਿਆ ਵਿੱਚ ਤੇਜ਼ੀ ਅਤੇ ਪਾਰਦਰਸਤਾ ਲਿਆਉਂਦਿਆਂ ਹੁਣ ਕਿਸਾਨਾਂ ਨੂੰ 21 ਦਿਨਾਂ ਦੇ ਅੰਦਰ-ਅੰਦਰ ਲੈਟਰ ਆਫ਼ ਇੰਟੈਂਟ ਮਿਲ ਜਾਵੇਗਾ। ਸਰਕਾਰ ਵੱਲੋਂ ਇਹ ਵਿਵਸਥਾ ਵੀ ਕੀਤੀ ਗਈ ਏ ਕਿ ਉਹ ਲੈਟਰ ਆਫ਼ ਇੰਟੈਂਟ ਨੂੰ ਵੇਚ ਵੀ ਸਕਦੇ ਨੇ ਅਤੇ ਇਸ ‘ਤੇ ਕਰਜ਼ਾ  ਵੀ ਲਿਆ ਜਾ ਸਕਦਾ ਏ। ਇਸ ਦੇ ਨਾਲ ਹੀ ਪ੍ਰੋਜੈਕਟ ‘ਤੇ ਕੰਮ ਸੁਰੂ ਹੋਣ ਤੱਕ, ਕਿਸਾਨ ਆਪਣੀ ਜਮੀਨ ‘ਤੇ ਖੇਤੀ ਕਰਕੇ ਆਮਦਨ ਕਮਾ ਸਕਣਗੇ ਅਤੇ ਉਨ੍ਹਾਂ ਨੂੰ ਸਰਕਾਰ ਵੱਲੋਂ ਸਾਲਾਨਾ 50 ਹਜ਼ਾਰ ਰੁਪਏ ਦੀ ਵਾਧੂ ਸਹਾਇਤਾ ਵੀ ਦਿੱਤੀ ਜਾਵੇਗੀ। ਇਸ ਪੂਰੀ ਪ੍ਰਕਿਰਿਆ ਦੌਰਾਨ ਜਮੀਨ ਖਰੀਦਣ ਅਤੇ ਵੇਚਣ ‘ਤੇ ਕੋਈ ਪਾਬੰਦੀ ਨਹੀਂ ਹੋਵੇਗੀ ਅਤੇ ਕਿਸਾਨ ਜਦੋਂ ਚਾਹੇ ਜਮੀਨ ਖਰੀਦ, ਵੇਚ ਅਤੇ ਰਜਿਸਟਰੀ ਕਰਵਾ ਸਕਦਾ ਏ।

--------------------------------------------------------

ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਬਾਲ ਭੀਖ ਮੰਗਣ ਨੂੰ ਜੜ੍ਹੋਂ ਖਤਮ ਕਰਨ ਬਾਰੇ ਜੀਵਨਜੋਤ ਪ੍ਰੋਜੈਕਟ ਤਹਿਤ ਹੁਣ ਤੱਕ 6 ਦਿਨਾਂ ’ਚ 137 ਬੱਚਿਆਂ ਨੂੰ ਭੀਖ ਮੰਗਣ ਤੋਂ ਬਚਾਇਆ ਗਿਆ ਏ । ਉਨ੍ਹਾਂ ਦੱਸਿਆ ਕਿ ਕੱਲ ਪਟਿਆਲਾ ਤੇ ਗੁਰਦਾਸਪੁਰ 16 ਜ਼ਿਲ੍ਹਿਆਂ ਵਿੱਚ 19 ਥਾਵਾਂ ‘ਤੇ ਛਾਪੇਮਾਰੀ ਹੋਈ, ਜਿਨ੍ਹਾਂ ਦੌਰਾਨ 20 ਹੋਰ ਭੀਖ ਮੰਗਦੇ ਬੱਚਿਆਂ ਨੂੰ ਬਚਾਇਆ ਗਿਆ। ਉਨ੍ਹਾਂ ਕਿਹਾ ਕਿ ਬਚਾਏ ਗਏ 20 ਬੱਚਿਆਂ ‘ਚੋਂ 13 ਨੂੰ ਦਸਤਾਵੇਜ਼ੀ ਜਾਂਚ ਅਤੇ ਮਾਪਿਆਂ ਦੀ ਸਲਾਹ-ਮਸ਼ਵਰੇ ਤੋਂ ਬਾਅਦ ਉਨ੍ਹਾਂ ਦੇ ਪਰਿਵਾਰਾਂ ਨੂੰ ਸੌਂਪਿਆ ਗਿਆ, ਜਦਕਿ 7 ਬੱਚਿਆਂ ਨੂੰ ਪਟਿਆਲਾ ਦੇ ਬਾਲ ਘਰ ਵਿੱਚ ਭੇਜਿਆ ਗਿਆ।

--------------------------------------------------------

ਰਾਸ਼ਟਰੀ ਪ੍ਰਸਾਰਣ ਦਿਵਸ ਅੱਜ ਰਾਸ਼ਟਰੀ ਪ੍ਰਸਾਰਣ ਦਿਵਸ ਏ । 1927 ਵਿੱਚ ਇਸ ਦਿਨ, ਦੇਸ਼ ਵਿੱਚ ਪਹਿਲਾ ਰੇਡੀਓ ਪ੍ਰਸਾਰਣ ਇੰਡਿਅਨ ਬਰਾਡਕਾਸਟਿੰਗ ਕੰਪਨੀ ਦੇ ਬਾਮਬੇ ਸਟੇਸ਼ਨ ਤੋਂ ਸ਼ੁਰੂ ਹੋਇਆ

ਸੀ। 8 ਜੂਨ, 1936 ਨੂੰ, ਭਾਰਤੀ ਰਾਜ ਪ੍ਰਸਾਰਣ ਸੇਵਾ ਦਾ ਨਾਮ ਬਦਲ ਕੇ ਆਲ ਇੰਡੀਆ ਰੇਡੀਓ ਰੱਖਿਆ ਗਿਆ ਸੀ। ਇਹ ਦਿਨ ਭਾਰਤ ਦੇ ਵਿਕਾਸ, ਵਿਦਿਅਕ ਪ੍ਰਸਾਰਣ ਅਤੇ ਸੱਭਿਆਚਾਰਕ ਸੰਭਾਲ ਵਿੱਚ ਪ੍ਰਸਾਰਣ ਦੀ ਮਹੱਤਵਪੂਰਨ ਭੂਮਿਕਾ ਨੂੰ ਦਰਸਾਉਂਦਾ ਏ । ਰੇਡੀਓ ਪ੍ਰਸਾਰਣ ਨੇ ਭਾਰਤ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ । ਆਜ਼ਾਦੀ ਸੰਗਰਾਮ ਦੌਰਾਨ, ਰੇਡੀਓ ਜਾਣਕਾਰੀ ਦੇ ਪ੍ਰਸਾਰਣ ਅਤੇ ਏਕਤਾ ਨੂੰ ਉਤਸ਼ਾਹਿਤ ਕਰਨ ਦਾ ਇੱਕ ਸ਼ਕਤੀਸ਼ਾਲੀ ਸਾਧਨ ਸੀ। ਆਜ਼ਾਦੀ ਤੋਂ ਬਾਅਦ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ, ਸਾਖਰਤਾ, ਸਿਹਤ ਜਾਗਰੂਕਤਾ ਅਤੇ ਖੇਤੀਬਾੜੀ ਗਿਆਨ ਨੂੰ ਉਤਸ਼ਾਹਿਤ ਕਰਨ ਵਿੱਚ ਰੇਡੀਓ ਪ੍ਰਸਾਰਣ ਮਦਦਗਾਰ ਰਿਹਾ ਹੈ। 1956 ਵਿੱਚ ਰਾਸ਼ਟਰੀ ਪ੍ਰਸਾਰਕ ਲਈ ਆਕਾਸ਼ਵਾਣੀ ਨਾਮ ਅਪਣਾਇਆ ਗਿਆ ਸੀ । ਉਸੇ ਸਮੇਂ, 1957 ਵਿੱਚ ਪ੍ਰਸਿੱਧ ਫਿਲਮ ਸੰਗੀਤ ਨਾਲ ਵਿਵਿਧ ਭਾਰਤੀ ਸੇਵਾ ਸ਼ੁਰੂ ਕੀਤੀ ਗਈ ਸੀ। 1927 ਤੋਂ, ਰੇਡੀਓ ਦੇਸ਼ ਦੇ ਲੋਕਾਂ ਦੇ ਜੀਵਨ ਦਾ ਇੱਕ ਮਹੱਤਵਪੂਰਨ ਹਿੱਸਾ ਰਿਹਾ ਏ । ਆਕਾਸ਼ਵਾਣੀ ਆਪਣੇ ਆਦਰਸ਼ - ਬਹੁਜਨ ਹਿੱਤਾ, ਬਹੁਜਨ ਸੁਖਾਏ 'ਤੇ ਖਰਾ ਉਤਰਦੇ ਹੋਏ, ਜਨਤਾ ਨੂੰ

ਸੂਚਿਤ ਕਰਨ, ਸਿੱਖਿਅਤ ਕਰਨ ਅਤੇ ਮਨੋਰੰਜਨ ਕਰਨ ਲਈ ਸੱਚਮੁੱਚ ਵਚਨਬੱਧ ਏ।

---------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ  ਹਰਜੋਤ ਸਿੰਘ ਬੈਂਸ ਨੇ ਸਰਕਾਰੀ ਸਕੂਲਾਂ ਵਿੱਚ ਮਿਆਰੀ ਅਤੇ ਗੁਣਾਤਮਕ ਸਿੱਖਿਆ ਨੂੰ ਯਕੀਨੀ ਬਣਾਉਣ ਲਈ “ਅਧਿਆਪਕਾਂ ਨਾਲ ਸੰਵਾਦ” ਪ੍ਰੋਗਰਾਮ ਤਹਿਤ ਜਿਲ੍ਹਾ ਰੂਪਨਗਰ ਵਿਚ ਨਿਵੇਕਲੀ ਪਹਿਲਕਦਮੀ ਕੀਤੀ ਏ। ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੱਖਿਆ ਮੰਤਰੀ ਨੇ ਰਾਸ਼ਟਰੀ ਤੇ ਸੂਬਾ ਪੁਰਸਕਾਰ ਜੇਤੂ, ਸਿੰਗਾਪੁਰ, ਫਿਨਲੈਂਡ, ਅਹਿਮਦਾਬਾਦ ਤੋਂ ਸਿਖਲਾਈ ਪ੍ਰਾਪਤ ਕਰ ਚੁੱਕੇ ਅਧਿਆਪਕਾਂ, ਸਕੂਲ ਮੁਖੀਆਂ ਨਾਲ ਵਿਸੇਸ਼ ਸੰਵਾਦ ਕੀਤਾ ਅਤੇ ਉਨ੍ਹਾਂ ਦੇ ਸੁਝਾਅ ਸੁਣੇ। ਸਿੱਖਿਆ ਮੰਤਰੀ ਨੇ ਪੰਜਾਬ ਨੂੰ ਕੌਮੀ ਸਰਵੇਖਣ ਵਿਚ ਪੰਜਾਬ ਨੂੰ ਮਿਲੇ ਪਹਿਲੇ ਦਰਜੇ ਲਈ ਅਧਿਆਪਕਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਨਿਵੇਕਲੀ ਪਹਿਲ ਦਾ ਉਦੇਸ਼ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਹੋਰ ਸੁਧਾਰ ਜਾਂ ਬਦਲਾਅ ਲਈ, ਚੱਲ ਰਹੇ ਪ੍ਰੋਗਰਾਮਾਂ ਬਾਰੇ ਪ੍ਰਤੀਕਰਮ ਪ੍ਰਾਪਤ ਕਰਨਾ ਏ।

---------------------------------------------------------------

ਜਲੰਧਰ, ਮਾਨਸਾ, ਪਠਾਨਕੋਟ, ਹੁਸ਼ਿਆਰਪੁਰ, ਮੋਹਾਲੀ ਸਮੇਤ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆ 'ਚ ਅੱਜ ਸਵੇਰ ਤੋਂ ਰੁਕ ਰੁਕ ਕੇ ਦਰਮਿਆਨੀ ਤੋਂ ਭਾਰੀ ਵਰਖਾ ਹੋ ਰਹੀ ਏ। ਇਸੇ ਦੌਰਾਨ ਪਠਾਨਕੋਟ ਜ਼ਿਲ੍ਹੇ ਦੇ ਰਣਜੀਤ ਸਾਗਰ ਡੈਮ ਵਿੱਚ ਪਾਣੀ ਦਾ ਪੱਧਰ ਲਗਾਤਾਰ ਵੱਧ ਰਿਹਾ ਏ। ਡੈਮ ਦੇ ਐਕਸੀਅਨ ਰਣਬੀਰ ਸਿੰਘ ਨੇ ਦੱਸਿਆ।

**BYTE**

ਓਧਰ ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਦੌਰਾਨ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ।